# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18-20**

**ਮਿਤੀ : 21-06-2025**

- ਅੱਜ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾ ਰਿਹਾ ਏ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਾਖਾਪਤਨਮ ਤੋਂ ਅੰਤਰ ਰਾਸ਼ਟਰੀ ਯੋਗ ਦਿਵਸ ਮਨਾਉਣ 'ਚ ਦੇਸ਼ ਦੀ ਅਗਵਾਈ ਕੀਤੀ.
- ਪੰਜਾਬ ਭਰ 'ਚ ਵੀ ਅੰਤਰ ਰਾਸ਼ਟਰੀ ਯੋਗ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ. ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਨੇ ਸਿਹਤ ਸੰਭਾਲ ਪੇਸ਼ੇਵਰਾਂ ਵਲੋਂ ਸਭ ਤੋਂ ਵੱਡੇ ਯੋਗ ਸੈਸ਼ਨ ਲਈ ਏਸ਼ੀਆ ਬੁੱਕ ਆਫ਼ ਰਿਕਾਰਡਜ਼'ਚ ਨਵਾਂ ਰਿਕਾਰਡ ਕਾਇਮ ਕੀਤਾ।
- ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿਖੇ ਕਰਾਏ ਗਏ ਨਿਯੁਕਤੀ ਪੱਤਰ ਵੰਡ ਸਮਾਗਮ'ਚ ਵੱਖੋ-ਵੱਖ ਵਿਭਾਗਾਂ 'ਚ ਚੁਣੇ ਗਏ 257 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ।
- ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਨੇ ਪੰਜਾਬ ਪੁਲਿਸ ਦੇ ਵਧੀਕ ਡਾਇਰੈਕਟਰ ਜਨਰਲ ਸਾਈਬਰ ਕ੍ਰਾਈਮ ਨੂੰ ਸੋਸ਼ਲ

ਮੀਡੀਆ 'ਤੇ ਅਸ਼ਲੀਲਤਾ ਫੈਲਾਉਣ ਵਾਲਿਆਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ.

- ਟੈਸਟ ਕ੍ਰਿਕੇਟ ਵਿੱਚ, ਭਾਰਤ ਨੇ ਲੀਡਜ਼ ਦੇ ਹੈਡਿੰਗਲੇ ਵਿੱਚ ਐਂਡਰਸਨ-ਤੇਂਦੁਲਕਰ ਟਰਾਫੀ ਦੇ ਪਹਿਲੇ ਮੈਚ ਦੇ ਦੂਜੇ ਦਿਨ ਇੰਗਲੈਂਡ ਖਿਲਾਫ਼ ਦੁਪਹਿਰ ਦੇ ਖਾਣੇ ਤੱਕ 7 ਵਿਕਟਾਂ 'ਤੇ 454 ਦੌੜਾਂ ਬਣਾਈਆਂ ਨੇ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅੱਜ ਯੋਗ, ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਵਧ ਰਹੇ ਤਣਾਅ, ਅਸ਼ਾਂਤੀ ਅਤੇ ਅਸਥਿਰਤਾ ਦਰਮਿਆਨ ਸ਼ਾਂਤੀ ਦਾ ਰਾਹ ਦੱਸਦਾ ਏ. ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਵਿਖੇ ਸੋਹਣੀ ਸਾਹਿਲੀ ਰੇਖਾ ਦੇ ਨਾਲ 11ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਜਸ਼ਨਾਂ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਯੋਗ ਇੱਕ ਵਿਰਾਮ ਬਟਨ ਏ ਜਿਸਦੀ ਮਨੁੱਖਤਾ ਨੂੰ ਸਾਹ ਲੈਣ, ਸੰਤੁਲਨ ਬਣਾਉਣ ਅਤੇ ਦੁਬਾਰਾ ਸੰਪੂਰਨ ਹੋਣ ਲਈ ਜ਼ਰੂਰਤ ਏ। ਇਸ ਮੌਕੇ, ਉਨ੍ਹਾਂ ਨੇ ਵਿਸ਼ਵ ਭਾਈਚਾਰੇ ਨੂੰ ਯੋਗ ਦਿਵਸ ਨੂੰ ਯੋਗਾ ਫਾਰ ਹਿਊਮੈਨਿਟੀ 2.0 ਭਾਵ ਮਾਨਵਤਾ ਲਈ ਯੋਗ ਦੀ ਦੂਜੀ ਮੁਹਿੰਮ ਦੀ ਸ਼ੁਰੂਆਤ ਵਜੋਂ ਮਨਾਉਣ ਲਈ ਕਹਿੰਦਿਆਂ ਇੱਕ ਵਿਸ਼ੇਸ਼ ਅਪੀਲ ਕੀਤੀ, ਜਿੱਥੇ ਅੰਦਰੂਨੀ ਸ਼ਾਂਤੀ ਆਲਮੀ ਨੀਤੀ ਬਣ ਜਾਂਦੀ ਏ –BYTE -

ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਯੋਗ ਸਿਰਫ਼ ਇੱਕ ਨਿੱਜੀ ਅਭਿਆਸ ਨਹੀਂ ਰਹਿਣਾ ਚਾਹੀਦਾ ਸਗੋਂ ਆਲਮੀ ਭਾਈਵਾਲੀ ਲਈ ਇੱਕ ਮਾਧਿਅਮ ਵਜੋਂ ਵਿਕਸਤ ਹੋਣਾ ਚਾਹੀਦਾ ਏ । ਉਨ੍ਹਾਂ ਨੇ ਹਰੇਕ ਰਾਸ਼ਟਰ ਅਤੇ ਹਰ ਸਮਾਜ ਨੂੰ ਯੋਗ ਨੂੰ ਆਪਣੀ ਜੀਵਨ ਸ਼ੈਲੀ ਅਤੇ ਜਨਤਕ ਨੀਤੀ ਵਿੱਚ ਸ਼ਾਮਲ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਆਪਣੀਆਂ ਡਾਕਟਰੀ ਅਤੇ ਖੋਜ ਸੰਸਥਾਵਾਂ ਰਾਹੀਂ ਯੋਗ ਦੇ ਖੇਤਰ ਵਿੱਚ ਸਬੂਤ-ਅਧਾਰਤ ਥੈਰੇਪੀ ਨੂੰ ਉਤਸ਼ਾਹਿਤ ਕਰ ਰਿਹਾ ਏ । ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਏਮਜ਼), ਨਵੀਂ ਦਿੱਲੀ ਦੇ ਖੋਜ ਨਤੀਜਿਆਂ ਦਾ ਹਵਾਲਾ ਦਿੰਦਿਆਂ, ਉਨ੍ਹਾਂ ਕਿਹਾ ਕਿ ਯੋਗ ਨੇ ਦਿਲ ਅਤੇ ਤੰਤੂ ਵਿਗਿਆਨ ਸੰਬੰਧੀ ਵਿਕਾਰਾਂ ਦੇ ਇਲਾਜ ਦੇ ਨਾਲ-ਨਾਲ ਔਰਤਾਂ ਦੀ ਸਿਹਤ ਅਤੇ ਮਾਨਸਿਕ ਤੰਦਰੁਸਤੀ ਨੂੰ ਬਿਹਤਰ ਬਣਾਉਣ ਵਿੱਚ ਅਹਿਮ ਪ੍ਰਭਾਵ ਦਿਖਾਇਆ ਏ – BYTE -

ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ‘ਚ ਵਿਸ਼ਾਖਾਪਟਨਮ ਵਿਖੇ ਮੁੱਖ ਸਮਾਗਮ ਵਿੱਚ ਲਗਭਗ 2 ਲਖ 72 ਹਜ਼ਾਰ ਲੋਕਾਂ ਨੇ ਹਿੱਸਾ ਲਿਆ, ਜਿਸ ਵਿੱਚ ਸਮੁੰਦਰੀ ਫੌਜ ਦੀ ਪੂਰਬੀ ਕਮਾਨ ਵਲੋਂ ਫਲਾਈ-ਪਾਸਟ ਅਤੇ 45 ਮਿੰਟ ਦਾ ਯੋਗ ਸੈਸ਼ਨ ਸ਼ਾਮਲ ਸਨ.

---------------------------------------------------

ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਕਿਹਾ ਏ ਕਿ ਆਲਮੀ ਭਾਈਚਾਰਾ ਹੁਣ ਯੋਗ ਪ੍ਰਤੀ ਵਧੇਰੇ ਸਨਮਾਨ ਰੱਖਦਾ ਏ ਅਤੇ ਮਹਾਦੀਪਾਂ ਦੇ ਲੋਕ ਇਸ ਤੋਂ ਫਾਇਦਾ ਚੁੱਕ ਰਹੇ ਨੇ. ਰਾਸ਼ਟਰਪਤੀ ਨੇ ਆਲਮੀ ਮੰਚ ਤੇ ਯੋਗ ਨੂੰ ਹੁੰਗਾਰਾ ਦੇਣ ਲਈ ਭਾਰਤ ਦੀ ਅਹਿਮ ਭੂਮਿਕਾ ਤੇ ਵੀ ਚਾਨਣਾ ਪਾਇਆ. ਰਾਸ਼ਟਰਪਤੀ, ਅੱਜ ਦੇਹਰਾਦੂਨ ਵਿੱਚ ਪੁਲਿਸ ਲਾਈਨ ਵਿਖੇ ਕਰਾਏ ਗਏ ਯੋਗ ਕੈਂਪ ਨੂੰ ਸੰਬੋਧਨ ਕਰ ਰਹੇ ਸਨ- Byte -

---------------------------------------------------------

ਪੰਜਾਬ ਭਰ ਵਿਚ ਵੀ ਯੋਗ ਦਿਵਸ ਬੇਹਦ ਉਤਸ਼ਾਹ ਨਾਲ ਮਨਾਇਆ ਗਿਆ। ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (A.I.M.S MOHALI ) ਨੇ ਅੱਜ 11ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ 'ਤੇ ਸਿਹਤ ਸੰਭਾਲ ਪੇਸ਼ੇਵਰਾਂ ਵਲੋਂ ਸਭ ਤੋਂ ਵੱਡੇ ਯੋਗ ਸੈਸ਼ਨ ਲਈ ਏਸ਼ੀਆ ਬੁੱਕ ਆਫ਼ ਰਿਕਾਰਡਜ਼'ਚ ਨਵਾਂ ਰਿਕਾਰਡ ਕਾਇਮ ਕੀਤਾ. ਸੰਸਥਾ ਦੇ ਡਾਇਰੈਕਟਰ ਪ੍ਰਿੰਸੀਪਲ, ਡਾ. ਭਵਨੀਤ ਭਾਰਤੀ ਨੇ ਖੁਸ਼ੀ ਜ਼ਾਹਿਰ ਕਰਦਿਆਂ ਆਕਾਸ਼ਵਾਣੀ ਖਬਰਾਂ ਜਲੰਧਰ ਨੂੰ ਦੱਸਿਆ ਕਿ ਇਸ ਰਾਸ਼ਟਰੀ ਸਮਾਗਮ ਵਿੱਚ 3, ਹਜ਼ਾਰ 3 ਲੋਕਾਂ ਜਿਨ੍ਹਾਂ ਵਿੱਚ ਡਾਕਟਰ, ਐਮ.ਬੀ.ਬੀ.ਐਸ. ਵਿਦਿਆਰਥੀ, ਨਰਸਿੰਗ ਵਿਦਿਆਰਥੀ, ਨੀਮ ਡਾਕਟਰੀ ਅਮਲਾ ਅਤੇ ਸਿਹਤ ਸੰਭਾਲ ਪੇਸ਼ੇਵਰ ਸ਼ਾਮਲ ਸਨ, ਨੇ ਹਿੱਸਾ ਲਿਆ **- BYTE -**

ਇਸ ਤੋਂ ਪਹਿਲਾਂ, ਪੀ.ਜੀ.ਆਈ., ਚੰਡੀਗੜ੍ਹ ਕੋਲ ਪਿਛਲੇ ਸਾਲ ਹਿੱਸਾ ਲੈਣ ਵਾਲੇ ਸਿਹਤ ਸੰਭਾਲ ਅਮਲੇ ਦੇ 1924 ਮੈਂਬਰਾਂ ਦੀ ਹਿੱਸੇਦਾਰੀ ਨਾਲ ਏਸ਼ੀਆ ਬੁੱਕ ਆਫ਼ ਰਿਕਾਰਡਜ਼ ਦਾ ਰਿਕਾਰਡ ਸੀ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ, ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਮੁਖ ਮਹਿਮਾਨ ਵਜੋਂ Tiranga Urban Park ਸੈਕਟਰ 17 Chandigarh ਵਿਖੇ ਹੋਏ ਪ੍ਰੋਗ੍ਰਾਮ ਵਿਚ ਸਿਹਤ, ਤੰਦਰੁਸਤੀ ਅਤੇ ਸਦਭਾਵਨਾ ਦਾ ਜਸ਼ਨ ਮਨਾਉਣ ਵਿਚ ਅਗਵਾਈ ਕੀਤੀ. ਇਸ ਮੌਕੇ ਕਈ ਪਤਵੰਤੇ ਮੌਜੂਦ ਸਨ. ਡਾ. ਅੰਬੇਡਕਰ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਨੇ ਵੀ ਅੱਜ ਸੁਖਨਾ ਝੀਲ ਅਤੇ ਸੰਸਥਾ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਦੀ ਮੇਜ਼ਬਾਨੀ ਕੀਤੀ। ਇਸ ਮੌਕੇ ਫੂਡ ਪ੍ਰੋਸੈਸਿੰਗ ਸਨਅਤ ਅਤੇ ਰੇਲਵੇ ਬਾਰੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਯੋਗ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਦੀਆਂ ਪਹਿਲਕਦਮੀਆਂ ਅਤੇ ਸਰੀਰਕ ਅਤੇ ਮਾਨਸਿਕ ਸਿਹਤ ਲਈ ਇਸਦੇ ਲਾਭਾਂ 'ਤੇ ਚਾਨਣਾ ਪਾਇਆ । 12 ਵਿੰਗ ਏਅਰ ਫੋਰਸ ਸਟੇਸ਼ਨ ਚੰਡੀਗੜ੍ਹ ਵਿਖੇ ਵੀ ਯੋਗ ਦਿਵਸ ਮਨਾਇਆ ਗਿਆ.ਲੁਧਿਆਣਾ ਦੇ ਖੰਨਾ ਵਿਖੇ ਹੋਏ ਯੋਗ ਦਿਵਸ ਪ੍ਰੋਗ੍ਰਾਮ ਵਿਚ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਅੱਜ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਂਦਿਆਂ ਲੋਕਾਂ ਨੂੰ ਯੋਗ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ

ਗਿਆ. ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਸੀ.ਐਮ. ਦੀ ਯੋਗਸ਼ਾਲਾ ਤਹਿਤ ਅੱਜ 11ਵੇ ਅੰਤਰਰਾਸ਼ਟਰੀ ਯੋਗ ਦਿਵਸ ਪ੍ਰੋਗਰਾਮ ਵਿਚ ਲਾਲਾ ਲਾਜਪਤ ਰਾਏ ਪਾਰਕ, ਕੋਟਕਪੂਰਾ ਵਿਖੇ ਰੱਖੇ ਗਏ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ। ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਵਿਖੇ Punjab ਤੇ Haryana High Court ਦੇ Chief Justice,Justice Sheel Nagu, , ਨੇ ਯੋਗ ਦਿਵਸ ਪ੍ਰੋਗ੍ਰਾਮ ਦੀ ਅਗਵਾਈ ਕੀਤੀ. ਸੀਐਮ ਦੀ ਯੋਗਸ਼ਾਲਾ ਤਹਿਤ ਸ੍ਰੀ ਮੁਕਤਸਰ ਸਾਹਿਬ ਦੇ ਗੁਰੂ ਗੋਬਿੰਦ ਸਿੰਘ ਪਾਰਕ ਵਿੱਚ ਅਤੇ ਗੁਰਦਾਸਪੁਰ 'ਚ ਜਿਮਨੇਜ਼ੀਅਮ ਹਾਲ ਵਿਖੇ ਯੋਗ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ. ਸਰਹੱਦੀ ਸੁਰੱਖਿਆ ਬਲ (BSF), ਜੋ ਕਿ ਰੱਖਿਆ ਦੀ ਪਹਿਲੀ ਸਫ਼ ਏ , ਨੇ ਅੰਮ੍ਰਿਤਸਰ ਦੇ ਸਰਹੱਦੀ ਪਿੰਡਾਂ ਦੇ ਵਸਨੀਕਾਂ ਨੂੰ ਸ਼ਾਮਲ ਕਰਕੇ ਅਟਾਰੀ ਸਾਂਝੀ ਚੈੱਕ ਪੋਸਟ 'ਤੇ "Ek Prithvee, Ek Swaasthya Ke Liye Yog" ਵਿਸ਼ੇ ਤਹਿਤ ਅੰਤਰਰਾਸ਼ਟਰੀ ਯੋਗਦਿਵਸ ਮਨਾਇਆ। BSF ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ, ਡਾ. ਅਤੁਲ ਫੁਲਜ਼ੇਲੇ ਨੇ ਕਿਹਾ ਕਿ ਇਸ ਸਮਾਗਮ ਦਾ ਉਦੇਸ਼ ਸਰਹੱਦੀ ਪਿੰਡਾਂ ਦੇ ਵਸਨੀਕਾਂ ਨਾਲ BSF ਫੌਜੀਆਂ ਨੂੰ ਜੋੜਨਾ ਵੀ ਸੀ-BYTE-

ਇਧਰ ਜਲੰਧਰ ਦੇ ਪੰਜਾਬ ਆਰਮਡ ਪੁਲਿਸ PAP ਦੇ ਕੈਂਪਸ ਵਿਖੇ ਵੀ ਯੋਗ ਦਿਵਸ ਮਨਾਇਆ ਗਿਆ. ਇਸੇ ਤਰ੍ਹਾਂ ਸੂਬੇ ਦੇ ਬਾਕੀ ਹਿੱਸਿਆਂ 'ਚ ਵੀ ਅੰਤਰਰਾਸ਼ਟਰੀ ਯੋਗ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ.

---------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿਖੇ ਕਰਾਏ ਗਏ ਨਿਯੁਕਤੀ ਪੱਤਰ ਵੰਡ ਸਮਾਗਮ ਵਿਖੇ ਵੱਖੋ-ਵੱਖ ਵਿਭਾਗਾਂ 'ਚ ਚੁਣੇ ਗਏ 257 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਮੁੱਖ ਮੰਤਰੀ ਨੇ ਨਵੇਂ ਚੁਣੇ ਗਏ ਨੌਜਵਾਨਾਂ ਨੂੰ ਮੁਬਾਰਕਾਂ ਦਿੱਤੀਆਂ ਤੇ ਪੰਜਾਬ ਸਰਕਾਰ ਦੇ ਪਰਿਵਾਰ 'ਚ ਉਹਨਾਂ ਦਾ ਸਵਾਗਤ ਕੀਤਾ। ਉਹਨਾਂ ਨੇ ਸਾਰਿਆਂ ਨੂੰ ਹੋਰ ਤਰੱਕੀ ਕਰਨ ਅਤੇ ਆਪਣੇ ਪਿਛੋਕੜ,ਤੇ ਪਿੰਡਾਂ ਨਾਲ਼ ਜੁੜੇ ਰਹਿਣ ਲਈ ਕਿਹਾ. ਅੱਜ ਨਿਯੁਕਤੀ ਪੱਤਰ ਹਾਸਿਲ ਕਰਨ ਵਾਲੇ ਨੌਜੁਆਨਾਂ ਸਮੇਤ ਹੁਣ ਤੱਕ 54,ਹਜ਼ਾਰ 398 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲ ਚੁੱਕੀਆਂ ਨੇ.

------------------------------------------------

ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ (PSCRC) ਨੇ ਪੰਜਾਬ ਪੁਲਿਸ ਦੇ ਵਧੀਕ ਡਾਇਰੈਕਟਰ ਜਨਰਲ (ADGP), ਸਾਈਬਰ ਕ੍ਰਾਈਮ ਨੂੰ

ਸੋਸ਼ਲ ਮੀਡੀਆ 'ਤੇ ਅਸ਼ਲੀਲਤਾ ਫੈਲਾਉਣ ਵਾਲਿਆਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ. PSCRC ਦੇ ਚੇਅਰਪਰਸਨ, ਕੰਵਰਦੀਪ ਸਿੰਘ ਨੇ ਨਿਰਦੇਸ਼ ਦਿੱਤੇ ਨੇ ਕਿ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਅਸ਼ਲੀਲ ਸਮੱਗਰੀ ਅਪਲੋਡ ਕਰਨ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ ਵਿੱਚ, ਜਦੋਂ ਬੱਚੇ ਸੋਸ਼ਲ ਮੀਡੀਆ ਦੇ ਪ੍ਰਭਾਵ ਹੇਠ ਨੇ, ਅਜਿਹੇ ਵੀਡੀਓ ਅਪਲੋਡ ਕਰਨ ਅਤੇ ਸੋਸ਼ਲ ਮੀਡੀਆ 'ਤੇ ਨਸ਼ਿਆਂ ਨੂੰ ਉਤਸ਼ਾਹਿਤ ਕਰਨ ਅਤੇ ਬੰਦੂਕਾਂ ਦੇ ਚਲਨ ਨੂੰ ਵਧਾਉਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਏ । ਕਮਿਸ਼ਨ ਨੇ ADGP ਨੂੰ ਇਸ ਸੰਦਰਭ ਵਿੱਚ ਕੀਤੀ ਗਈ ਕਾਰਵਾਈ ਬਾਰੇ 15 ਦਿਨਾਂ ਦੇ ਅੰਦਰ ਜਾਣਕਾਰੀ ਦੇਣ ਲਈ ਕਿਹਾ ਏ ।

-------------------------------------------------------------

ਟੈਸਟ ਕ੍ਰਿਕਟ ਵਿੱਚ, ਭਾਰਤ ਨੇ Leeds ਦੇ Headingley ਵਿੱਚ, ਐਂਡਰਸਨ-ਤੇਂਦੁਲਕਰ ਟਰਾਫੀ ਦੇ ਪਹਿਲੇ ਮੈਚ ਦੇ ਦੂਜੇ ਦਿਨ ਦੁਪਹਿਰ ਦੇ ਖਾਣੇ ਤੱਕ, ਇੰਗਲੈਂਡ ਖਿਲਾਫ 7 ਵਿਕਟਾਂ ਦੇ ਨੁਕਸਾਨ 'ਤੇ 454 ਦੌੜਾਂ ਬਣਾ ਲਈਆਂ ਨੇ।ਇਸ ਤੋਂ ਪਹਿਲਾਂ, ਭਾਰਤ ਨੇ ਦੂਜੇ ਦਿਨ ਆਪਣੀ ਪਾਰੀ, ਰਾਤ ਦੇ 3 ਵਿਕਟਾਂ 'ਤੇ 359 ਦੌੜਾਂ ਦੇ ਸਕੋਰ ਤੋਂ ਸ਼ੁਰੂ ਕੀਤੀ ਸੀ।

-------------------------------------------------------------

- ਅੱਜ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾ ਰਿਹਾ ਏ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਾਖਾਪਤਨਮ ਤੋਂ ਅੰਤਰ ਰਾਸ਼ਟਰੀ ਯੋਗ ਦਿਵਸ ਮਨਾਉਣ ‘ਚ ਦੇਸ਼ ਦੀ ਅਗਵਾਈ ਕੀਤੀ.
- ਪੰਜਾਬ ਭਰ ‘ਚ ਵੀ ਅੰਤਰ ਰਾਸ਼ਟਰੀ ਯੋਗ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ. ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਨੇ ਸਿਹਤ ਸੰਭਾਲ ਪੇਸ਼ੇਵਰਾਂ ਵਲੋਂ ਸਭ ਤੋਂ ਵੱਡੇ ਯੋਗ ਸੈਸ਼ਨ ਲਈ ਏਸ਼ੀਆ ਬੁੱਕ ਆਫ਼ ਰਿਕਾਰਡਜ਼’ਚ ਨਵਾਂ ਰਿਕਾਰਡ ਕਾਇਮ ਕੀਤਾ।
- ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿਖੇ ਕਰਾਏ ਗਏ ਨਿਯੁਕਤੀ ਪੱਤਰ ਵੰਡ ਸਮਾਗਮ’ਚ ਵੱਖੋ-ਵੱਖ ਵਿਭਾਗਾਂ 'ਚ ਚੁਣੇ ਗਏ 257 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ।
- ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਨੇ ਪੰਜਾਬ ਪੁਲਿਸ ਦੇ ਵਧੀਕ ਡਾਇਰੈਕਟਰ ਜਨਰਲ ਸਾਈਬਰ ਕ੍ਰਾਈਮ ਨੂੰ ਸੋਸ਼ਲ ਮੀਡੀਆ 'ਤੇ ਅਸ਼ਲੀਲਤਾ ਫੈਲਾਉਣ ਵਾਲਿਆਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਨੇ.
- ਟੈਸਟ ਕ੍ਰਿਕੇਟ ਵਿੱਚ, ਭਾਰਤ ਨੇ ਲੀਡਜ਼ ਦੇ ਹੈਡਿੰਗਲੇ ਵਿੱਚ ਐਂਡਰਸਨ-ਤੇਂਦੁਲਕਰ ਟਰਾਫੀ ਦੇ ਪਹਿਲੇ ਮੈਚ ਦੇ ਦੂਜੇ ਦਿਨ

ਇੰਗਲੈਂਡ ਖਿਲਾਫ਼ ਦੁਪਹਿਰ ਦੇ ਖਾਣੇ ਤੱਕ 7 ਵਿਕਟਾਂ 'ਤੇ 454 ਦੌੜਾਂ ਬਣਾਈਆਂ ਨੇ।